# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 29-03-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਏ ਕਿ ਪੈਟਰੋਲ ਤੇ ਡੀਜ਼ਲ ਦਾ ਸੰਕਟ ਦੁਨੀਆ ਭਰ ਵਿੱਚ ਵੱਧ ਰਿਹਾ ਏ । ਅੱਜ ਆਕਾਸ਼ਵਾਣੀ 'ਤੇ ਆਪਣੇ ਪ੍ਰੋਗਰਾਮ ਮਨ ਕੀ ਬਾਤ ਵਿੱਚ ਉਨ੍ਹਾਂ ਕਿਹਾ ਕਿ ਮੌਜੂਦਾ ਸਮਾਂ ਚੁਣੌਤੀਪੂਰਨ ਏ ਕਿਉਂਕਿ ਭਾਰਤ ਦੀਆਂ ਊਰਜਾ ਜ਼ਰੂਰਤਾਂ ਦੇ ਵੱਡੇ ਹਿੱਸੇ ਦੀ ਪੂਰਤੀ ਪੱਛਮੀ ਏਸ਼ੀਆ ਤੋਂ ਹੁੰਦੀ ਏ । ਉਨ੍ਹਾਂ ਕਿਹਾ ਕਿ ਵਿਸ਼ਵ ਭਾਈਚਾਰੇ ਨਾਲ ਭਾਰਤ ਦੇ ਸਬੰਧਾਂ, ਵੱਖ-ਵੱਖ ਦੇਸ਼ਾਂ ਤੋਂ ਪ੍ਰਾਪਤ ਸਹਿਯੋਗ ਅਤੇ ਪਿਛਲੇ ਦਹਾਕੇ ਦੌਰਾਨ ਭਾਰਤ ਦੇ ਉਭਾਰ ਨੇ ਦੇਸ਼ ਨੂੰ ਇਨ੍ਹਾਂ ਹਾਲਾਤ ਨਾਲ ਨਜਿੱਠਣ ਦੇ ਯੋਗ ਬਣਾਇਆ ਏ । ਸ੍ਰੀ ਮੋਦੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਕੋਵਿਡ-19 ਦੇ ਸਮੇਂ ਵਾਂਗ, ਭਾਰਤ ਮੌਜੂਦਾ ਸੰਕਟ 'ਤੇ ਕਾਬੂ ਪਾ ਲਵੇਗਾ। ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਲੱਖਾਂ ਭਾਰਤੀ ਖਾੜੀ ਦੇਸ਼ਾਂ ਵਿੱਚ ਰਹਿੰਦੇ ਨੇ । ਉਨ੍ਹਾਂ ਨੇ 1 ਕਰੋੜ ਤੋਂ ਵੱਧ ਭਾਰਤੀਆਂ ਨੂੰ ਹਰ ਤਰ੍ਹਾਂ ਦੀ ਮਦਦ ਦੇਣ ਲਈ ਖਾੜੀ ਦੇਸ਼ਾਂ ਦਾ ਧੰਨਵਾਦ ਕੀਤਾ ਤੇ ਲੋਕਾਂ ਨੂੰ

ਸਮੂਹਿਕ ਯਤਨ ਕਰ ਕੇ ਇਸ ਸਥਿਤੀ ਨਾਲ ਨਜਿੱਠਣ ਦੀ ਅਪੀਲ ਕੀਤੀ।

**ਬਾਈਟ... ਪ੍ਰਧਾਨ ਮੰਤਰੀ ...**

ਪ੍ਰਧਾਨ ਮੰਤਰੀ ਨੇ 'ਗਿਆਨ ਭਾਰਤਮ ਸਰਵੇਖਣ' 'ਤੇ ਚਰਚਾ ਕੀਤੀ, ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਉਦੇਸ਼ ਦੇਸ਼ ਭਰ ਤੋਂ ਹੱਥ-ਲਿਖਤਾਂ ਬਾਰੇ ਜਾਣਕਾਰੀ ਇਕੱਤਰ ਕਰਨਾ ਏ । ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਸਦਾ ਦਿੱਤਾ ਕਿ ਜਿਨ੍ਹਾਂ ਕੋਲ ਹੱਥ-ਲਿਖਤ ਜਾਂ ਇਸ ਬਾਰੇ ਜਾਣਕਾਰੀ ਏ, ਉਹ ਇਸ ਨੂੰ ਗਿਆਨ ਭਾਰਤਮ ਐਪ 'ਤੇ ਸਾਂਝਾ ਕਰਨ। ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਅੰਮ੍ਰਿਤਸਰ ਦੇ ਅਮਿਤ ਸਿੰਘ ਰਾਣਾ ਨੇ ਗੁਰਮੁਖੀ ਵਿੱਚ ਇੱਕ ਹੱਥ-ਲਿਖਤ ਸਾਂਝੀ ਕੀਤੀ ਏ । ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਅੰਮ੍ਰਿਤਸਰ ਵਿੱਚ ਰਹਿ ਰਹੇ ਕਾਨਪੁਰ ਦੇ ਅਮਿਤ ਸਿੰਘ ਰਾਣਾ ਨੇ ਗੁਰਮੁਖੀ, ਸੰਸਕ੍ਰਿਤ ਅਤੇ ਕੁਝ ਹੋਰ ਭਾਸ਼ਾਵਾਂ ਵਿੱਚ ਹੱਥ-ਲਿਖਤਾਂ ਨੂੰ ਦੇ ਕੰਮ ਨੂੰ ਵੇਖਣ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ । 'ਮਨ ਕੀ ਬਾਤ' ਦਾ ਹਿੱਸਾ ਬਣਨ 'ਤੇ ਆਕਾਸ਼ਵਾਣੀ ਨਾਲ ਆਪਣੀ ਖੁਸ਼ੀ ਸਾਂਝੀ ਕਰਦੇ ਹੋਏ ਉਨ੍ਹਾਂ ਕਿਹਾ...

**ਬਾਈਟ ... ਅਮਿਤ ਸਿੰਘ ਰਾਣਾ**

---------------------------------------------------------

ਓਧਰ, ਅੰਮ੍ਰਿਤਸਰ ਵਿੱਚ ਬੀਜੇਪੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪ੍ਰੋਗਰਾਮ ਮਨ ਕੀ ਬਾਤ ਦੇ ਹਵਾਲੇ ਨਾਲ ਕਿਹਾ ਏ ਕਿ ਪ੍ਰਧਾਨ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਦੱਸਿਆ ਏ ਕਿ ਖਾੜੀ ਖੇਤਰ ਵਿਚ ਚੱਲ ਰਹੇ ਯੁੱਧ ਦੇ ਬਾਵਜੂਦ ਤੇਲ ਵਿਚ ਤੇਲ ਤੇ ਪੈਟਰੋਲੀਅਮ ਦੀ ਕੋਈ ਘਾਟ ਨਹੀਂ ਏ। ਉਨ੍ਹਾਂ ਨੇ ਵਿਰੋਧੀ ਪਾਰਟੀਆਂ ਖਾਸਕਰ ਰਾਹੁਲ ਗਾਂਧੀ ਉੱਤੇ ਨਿਸ਼ਾਨਾ ਸਾਧਦਿਆਂ ਇਲਜਾਮ ਲਾਏ ਕਿ ਦੇਸ਼ ਵਿਚ ਜਾਣ-ਬੁੱਝ ਕੇ ਡਰ ਦਾ ਮਾਹੌਲ ਤਿਆਰ ਕੀਤਾ ਜਾ ਰਿਹਾ ਏ। ਉਨ੍ਹਾਂ ਨੇ ਪੰਜਾਬ ਦੇ ਅਮਨ-ਕਾਨੂੰਨ ਨੂੰ ਲੈ ਕੇ ਗੰਭੀਰ ਸਵਾਲ ਕੀਤੇ ਤੇ ਕਿਹਾ ਕਿ ਪੰਜਾਬ ਵਿਚ ਹਰ ਰੋਜ਼ ਗੈਂਗਸਟਰ ਸਰਗਰਮੀਆਂ, ਰੰਗਦਾਰੀ ਤੇ ਅਪਰਾਧ ਵੱਧ ਰਹੇ ਨੇ ਤੇ ਲੋਕ ਡਰ ਦੇ ਪਰਛਾਵੇਂ ਹੇਠ ਜੀਅ ਰਹੇ ਨੇ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿ ਸੂਬੇ ਵਿੱਚ ਲਾਕਡਾਊਨ ਦੀ ਕੋਈ ਸੰਭਾਵਨਾ ਨਹੀਂ ਏ ਅਤੇ ਸਭ ਕੁਝ ਸੁਚਾਰੂ ਢੰਗ ਨਾਲ ਚੱਲ ਰਿਹਾ ਏ । ਕਲ੍ਹ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਸੂਬੇ ਕੋਲ ਕਰੀਬ ਇੱਕ

ਪੰਦਰਵਾੜੇ ਲਈ ਪੈਟਰੋਲ ਅਤੇ ਡੀਜ਼ਲ ਦਾ ਭੰਡਾਰ ਏ ਤੇ ਐੱਲ.ਪੀ.ਜੀ. ਦਾ ਵੀ ਛੇ ਦਿਨਾਂ ਦਾ ਭੰਡਾਰ ਏ, ਜੋ ਕਿ ਆਮ ਤੌਰ 'ਤੇ ਸਾਲ ਭਰ ਇੱਕੋ-ਜਿਹਾ ਰਹਿੰਦਾ ਏ । ਉਨ੍ਹਾਂ ਕਿਹਾ ਕਿ ਜਮ੍ਹਾਂਖੋਰੀ ਜਾਂ ਘਬਰਾਹਟ ਨਾਲ ਖਰੀਦਦਾਰੀ ਕਰਨ ਦੀ ਕੋਈ ਲੋੜ ਨਹੀਂ ਏ ਕਿਉਂਕਿ ਮੁੱਖ ਸਕੱਤਰ ਸਪਲਾਈ 'ਤੇ ਨੇੜਿਓਂ ਨਜ਼ਰ ਰੱਖ ਰਹੇ ਨੇ। ਮੁੱਖ ਮੰਤਰੀ ਨੇ ਜਮ੍ਹਾਂਖੋਰਾਂ ਤੇ ਕਾਲਾ ਬਾਜ਼ਾਰੀ ਕਰਨ ਵਾਲਿਆਂ ਨੂੰ ਕਾਨੂੰਨੀ ਕਾਰਵਾਈਆਂ ਦੀ ਚੇਤਾਵਨੀ ਦਿੱਤੀ ।

--------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਰਹਿੰਦ ਮੰਡੀ ਵਿੱਚ ਨਵੇਂ ਬਣੇ ਮੁਹੱਲਾ ਕਲੀਨਿਕ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ, ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾ ਰਹੀ ਏ। ਮੰਤਰੀ ਨੇ ਕਿਹਾ ਕਿ ਸਾਰੇ ਪੰਜਾਬ ਵਿੱਚ ਖੋਲ੍ਹੇ ਗਏ ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਡਾਕਟਰੀ ਸਲਾਹ, ਦਵਾਈਆਂ ਤੇ ਕਈ ਤਰ੍ਹਾਂ ਦੇ ਕਲੀਨਿਕਲ ਟੈਸਟਾਂ ਦੀ ਸਹੂਲਤ ਬਿਨਾਂ ਕਿਸੇ ਖ਼ਰਚੇ ਤੋਂ ਮਿਲਦੀ ਰਹੇਗੀ।

--------------------------------------------------------

ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਕੱਲ੍ਹ ਸਾਰੇ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸੂਬਾ ਪੱਧਰੀ ਮੈਗਾ ਮਾਪੇ-ਅਧਿਆਪਕ ਮਿਲਣੀ ਕਰਵਾਈ ਗਈ। ਇਸ ਦੌਰਾਨ 18 ਲੱਖ ਤੋਂ ਵੱਧ ਮਾਪਿਆਂ ਨੇ ਸ਼ਮੂਲੀਅਤ ਕੀਤੀ। ਇਸ ਬਾਰੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਮੈਗਾ ਪੀ.ਟੀ.ਐੱਮ. ਸਿਰਫ ਰਿਪੋਰਟ ਕਾਰਡ ਵੰਡ ਨਾਲ ਸਬੰਧਤ ਨਹੀਂ ਏ, ਸਗੋਂ ਇਹ ਹਰੇਕ ਬੱਚੇ ਦੇ ਵਿਕਾਸ ਬਾਰੇ ਮੁਕੰਮਲ ਫੀਡਬੈਕ ਪੇਸ਼ ਕਰਦੀ ਏ।

-----------------------------------------------------

ਮੌਸਮ ਵਿਭਾਗ ਨੇ ਪੰਜਾਬ, ਚੰਡੀਗੜ੍ਹ, ਹਰਿਆਣਾ, ਦਿੱਲੀ, ਹਿਮਾਚਲ ਪ੍ਰਦੇਸ਼, ਵਿੱਚ ਗੜ੍ਹੇ ਪੈਣ ਦੇ ਨਾਲ-ਨਾਲ ਗਰਜ ਤੇ ਬਿਜਲੀ ਚਮਕਣ ਬਾਰੇ ਆਰੈਂਜ ਅਲਰਟ ਜਾਰੀ ਕੀਤਾ ਏ। ਮੌਸਮ ਵਿਭਾਗ ਮੁਤਾਬਕ, ਅਗਲੇ 24 ਘੰਟਿਆਂ ਦੌਰਾਨ ਉੱਤਰ-ਪੱਛਮੀ ਭਾਰਤ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਦੋ ਤੋਂ ਚਾਰ ਡਿਗਰੀ ਸੈਲਸੀਅਸ ਦਾ ਵਾਧਾ ਹੋਣ ਦੀ ਸੰਭਾਵਨਾ ਏ । ਇਸੇ ਦੌਰਾਨ ਪੰਜਾਬ ਵਿਚ ਬੀਤੀ ਰਾਤ ਤੋਂ ਸ਼ੁਰੂ ਹੋ ਕੇ ਹੁਣ ਤੱਕ, ਫਰੀਦਕੋਟ, ਮੋਹਾਲੀ, ਪਠਾਨਕੋਟ,

ਫ਼ਤਹਿਗੜ੍ਹ ਸਾਹਿਬ, ਪਟਿਆਲਾ ਤੇ ਹੋਰਨੀਂ ਥਾਈਂ ਰੁਕ-ਰੁਕ ਕੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦਰਜ ਕੀਤੀ ਗਈ ਏ।